ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਵੈਬੀਨਾਰ
ਨੌਜਵਾਨਾਂ ਨੂੰ ਮਾਨਸਿਕ ਤਣਾਅ 'ਤੇ ਕਾਬੂ ਪਾਉਣ ਬਾਰੇ ਦਿੱਤੀ ਜਾਣਕਾਰੀ
ਘਰਾਂ ਵਿੱਚ ਰਹਿ ਕੇ ਹੀ ਆਨਲਾਈਨ ਪੜਾਈ ਕਰਨ ਲਈ ਪ੍ਰੇਰਿਆ
ਫ਼ਤਹਿਗੜ੍ਹ ਸਾਹਿਬ, 17 ਮਈ :
ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਰਜਿਸਟਰਡ ਵੱਖ-ਵੱਖ ਫੀਲਡਾਂ ਨਾਲ ਸਬੰਧਤ ਵਿਦਿਆਰਥੀਆਂ ਅਤੇ ਨੌਜਵਾਨਾਂ ਲਈ ਆਨ ਲਾਈਨ ਵੈਬੀਨਾਰ ਲੈਕਚਰ ਦਾ ਪ੍ਰਬੰਧ ਕੀਤਾ ਗਿਆ ਜਿਸ ਵਿੱਚ ਤਕਰੀਬਨ 100 ਨੌਜਵਾਨਾਂ ਨੇ ਭਾਗ ਲਿਆ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟਰੇਨਿੰਗ ਅਫਸਰ ਸ੍ਰੀਮਤੀ ਅਰਵਿਦਰ ਕੌਰ ਨੇ ਦੱਸਿਆ ਕਿ ਇਸ ਪ੍ਰੇਰਨਾਦਾਇਕ ਲੈਕਚਰ ਲਈ ਵਿਸ਼ੇਸ਼ ਤੌਰ ਤੇ ਡਾ: ਨਯਨਿਕਾ ਸਿੰਘ, ਅਸਿਸਟੈਂਟ ਪ੍ਰੋਫੈਸਰ (ਮਨੋਵਿਗਿਆਨ) ਨੇ ਗੈਸਟ ਲੈਕਚਰ ਦੇ ਤੌਰ ਤੇ ਭਾਗ ਲਿਆ ਜਿਨ੍ਹਾਂ ਨੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਹਮੇਸ਼ਾ ਪ੍ਰੇਰਿਤ ਰਹਿਣ ਦੀਆਂ ਤਕਨੀਕਾਂ ਅਤੇ ਮਨੋਵਿਗਿਆਨਿਕ ਤਕਨੀਕਾਂ ਰਾਹੀਂ ਮਾਨਸਿਕ ਤਣਾਅ ਨੂੰ ਕੰਟਰੋਲ ਕਰਨ ਬਾਰੇ ਭਰਪੂਰ ਜਾਣਕਾਰੀ ਦਿੱਤੀ।
ਇਸ ਵੈਬੀਨਾਰ ਲੈਕਚਰ ਦੌਰਾਨ ਸ੍ਰੀਮਤੀ ਅਰਵਿੰਦਰ ਕੌਰ, ਜਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਅਫਸਰ ਵਲੋਂ ਨੌਜਵਾਨਾਂ ਨੂੰ ਲੋਕਡਾਊਨ ਦੇ ਸਮੇਂ ਦੌਰਾਨ ਵੀ ਆਪਣੀ ਪੜਾਈ ਘਰ ਰਹਿ ਕੇ ਵੀ ਜਾਰੀ ਰੱਖਣ ਅਤੇ ਬਿਊਰੋ ਵਲੋਂ ਇਸ ਸਮੇਂ ਦੌਰਾਨ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣੂੰ ਕਰਵਾਇਆ। ਇਸ ਵੈਬੀਨਾਰ ਲੈਕਚਰ ਦੌਰਾਨ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਅਫਸਰ ਸ੍ਰੀ ਉਮੇਸ਼ ਕਾਲੜਾ, ਕਰੀਅਰ ਕਾਊਂਸਲਰ ਸ੍ਰੀ ਅਨੁਜ ਕਿਸ਼ੋਰ ਦੱਤਾ ਵੀ ਸ਼ਾਮਲ ਸਨ।

ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ ਸਾਹਿਬ

ਸਰਹਿੰਦ ਰੇਲਵੇ ਸਟੇਸ਼ਨ ਤੋਂ 1536 ਪਰਵਾਸੀਆਂ ਨੂੰ ਲੈ ਕੇ ਪੰਜਵੀਂ 'ਸ਼੍ਰਮਿਕ ਐਕਸਪ੍ਰੈਸ' ਦੁਰਗਾਪੁਰ (ਪੱਛਮੀ ਬੰਗਾਲ) ਰਵਾਨਾ

ਯਾਤਰੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ ਸਾਹਿਬ, 18 ਮਈ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪ੍ਰਵਾਸੀਆਂ ਨੂੰ ਉਨਾਂ ਦੀ ਇੱਛਾ ਮੁਤਾਬਕ ਉਨਾਂ ਦੇ ਜੱਦੀ ਸੂਬਿਆਂ ਵਿੱਚ ਮੁਫ਼ਤ ਭੇਜਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ ਸਰਹਿੰਦ ਰੇਲਵੇ ਸਟੇਸ਼ਨ ਤੋਂ ਪੰਜਵੀਂ 'ਸ਼੍ਰਮਿਕ ਐਕਸਪ੍ਰੈਸ' ਰੇਲ ਗੱਡੀ 1536 ਪ੍ਰਵਾਸੀਆਂ ਨੂੰ ਲੈ ਕੇ ਦੁਰਗਾਪੁਰ (ਪੱਛਮੀ ਬੰਗਾਲ) ਲਈ ਰਵਾਨਾ ਹੋਈ ਜ਼ਿਲਾ ਫਤਹਿਗੜ ਸਾਹਿਬ ਸਮੇਤ ਜ਼ਿਲਾ ਐਸ.ਏ.ਐਸ. ਨਗਰ, ਐਸ. ਬੀ.ਐਸ. ਨਗਰ, ਰੂਪਨਗਰ, ਜਲੰਧਰ, ਲੁਧਿਆਣਾ, ਕਪੂਰਥਲਾ ਜ਼ਿਲਿਆਂ ਤੋਂ ਪ੍ਰਵਾਸੀਆਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਰੇਲਵੇ ਸਟੇਸ਼ਨ ਲਿਆਂਦਾ ਗਿਆ ਜਿੱਥੋਂ ਉਹ ਵਿਸ਼ੇਸ਼ ਰੇਲਗੱਡੀ ਰਾਹੀਂ ਆਪਣੇ ਜੱਦੀ ਸੂਬਿਆਂ ਲਈ ਰਵਾਨਾ ਹੋਏ।

ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਅਮਰੀਕ ਸਿੰਘ ਸਿੱਧੂ ਨੇ ਦੱਸਿਆ ਕਿ ਤੈਅ ਪ੍ਰਕਿਰਿਆ ਤਹਿਤ ਰਜਿਸਟਰੇਸ਼ਨ ਉਪਰੰਤ ਮੈਡੀਕਲ ਸਕਰੀਨਿੰਗ ਮੁਕੰਮਲ ਹੋਣ 'ਤੇ ਇਸ ਵਿਸ਼ੇਸ਼ ਰੇਲ ਗੱਡੀ ਰਾਹੀਂ ਪ੍ਰਵਾਸੀਆਂ ਨੂੰ ਉਨਾਂ ਦੇ ਸੂਬੇ ਨੂੰ ਭੇਜਿਆ ਗਿਆ ਹੈ ਤੇ ਕਿਸੇ ਵੀ ਯਾਤਰੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ ਕੋਰੋਨਾ ਤੋਂ ਬਚਾਅ ਸਬੰਧੀ ਸਮਾਜਕ ਦੂਰੀ ਸਮੇਤ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਗਈ ਹੈ ਇਸ ਮੌਕੇ ਯਾਤਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨਾਂ ਦੇ ਵਾਪਸੀ ਲਈ ਜੋ ਉਪਰਾਲਾ ਕੀਤਾ ਹੈ, ਉਹ ਉਸ ਲਈ ਪੰਜਾਬ ਸਰਕਾਰ ਦੇ ਧੰਨਵਾਦੀ ਹਨ

ਇਸ ਮੌਕੇ ਐਸ.ਪੀ. ਹਰਪਾਲ ਸਿੰਘ, ਡੀ ਐਸ ਪੀ ਜਸਵਿੰਦਰ ਸਿੰਘ ਟਿਵਾਣਾ, ਡੀ ਐਸ ਪੀ ਐਚ.ਆਰ.ਲਾਲਕਾ, ਸਕੱਤਰ ਜ਼ਿਲਾ ਪ੍ਰੀਸ਼ਦ ਹਰਕੰਵਲਜੀਤ ਸਿੰਘ, ਤਹਿਸਲੀਦਾਰ ਗੁਰਜਿੰਦਰ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ

ਕੈਪਸ਼ਨ: 1. ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਅਮਰੀਕ ਸਿੰਘ ਸਿੱਧੂ ਵਿਸ਼ੇਸ਼ ਰੇਲ ਗੱਡੀ ਰਵਾਨਾ ਹੋਣ ਮੌਕੇ

2. ਵਿਸ਼ੇਸ਼ ਰੇਲ ਗੱਡੀ ਰਾਹੀਂ ਵਾਪਸ ਆਪਣੇ ਜੱਦੀ ਜ਼ਿਲਿਆਂ ਨੂੰ ਭੇਜੇ ਜਾਣ ਸਬੰਧੀ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਪ੍ਰਵਾਸੀ

3. ਸਰਹਿੰਦ ਰੇਲਵੇ ਸਟੇਸ਼ਨ ਵਿਖੇ ਵਿਸ਼ੇਸ਼ ਰੇਲ ਗੱਡੀ ਵਿੱਚ ਸਵਾਰ ਹੁੰਦੇ ਹੋਏ ਯਾਤਰੀ

4. ਪ੍ਰਵਾਸੀਆਂ ਨੂੰ ਖਾਣਾ ਮੁਹੱਈਆ ਕਰਵਾਏ ਜਾਣ ਦਾ ਦ੍ਰਿਸ਼।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਹਲਕੇ ਦੀਆਂ ਸੜਕਾਂ ਦੀ ਸਪੈਸ਼ਲ ਮੁਰੰਮਤ ਕਰਵਾ ਕੇ ਲੋਕਾਂ ਨੂੰ ਆਵਾਜਾਈ
ਦੀਆਂ ਬਿਹਤਰ ਸਹੂਲਤਾਂ ਕਰਵਾਈਆਂ ਜਾ ਰਹੀਆਂ ਹਨ ਮੁਹੱਈਆ : ਨਾਗਰਾ

ਵਿਧਾਇਕ ਨਾਗਰਾ ਨੇ 04 ਨੰਬਰ ਚੂੰਗੀ ਤੋਂ ਵਾਇਆ ਫਲਾਈ ਓਵਰ ਬ੍ਰਾਹਮਣ ਮਾਜਰਾ ਤੋਂ ਰੇਲਵੇ ਸਟੇਸ਼ਨ ਤੋਂ ਜੀ.ਟੀ. ਰੋਡ ਤੱਕ ਜਾਂਦੀ ਢਾਈ ਕਿਲੋਮੀਟਰ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਲਿਆ ਜਾਇਜਾ

ਸੜਕ ਦੀ ਸਪੈਸ਼ਲ ਮੁਰੰਮਤ 'ਤੇ ਖਰਚੇ ਜਾ ਰਹੇ ਹਨ 92.21 ਲੱਖ ਰੁਪਏ

ਸੜਕਾਂ ਦੀ ਸਪੈਸ਼ਲ ਮੁਰੰਮਤ ਦੌਰਾਨ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਸਮਾਜਿਕ ਵਿੱਥ ਦਾ ਰੱਖਿਆ ਜਾ ਰਿਹਾ ਵਿਸ਼ੇਸ਼ ਧਿਆਨ

ਫ਼ਤਹਿਗੜ੍ਹ ਸਾਹਿਬ, 18 ਮਈ :

ਫ਼ਤਹਿਗੜ੍ਹ ਸਾਹਿਬ ਹਲਕੇ ਦੀਆਂ ਸੜਕਾਂ ਦੀ ਸਪੈਸ਼ਲ ਮੁਰੰਮਤ ਕਰਵਾ ਕੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਜਿਸ ਨਾਲ ਹਲਕੇ ਦੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ ਨੇ 04 ਨੰਬਰ ਚੂੰਗੀ ਤੋਂ ਵਾਇਆ ਫਲਾਈ ਓਵਰ ਬ੍ਰਾਹਮਣ ਮਾਜਰਾ ਤੋਂ ਰੇਲਵੇ ਸਟੇਸ਼ਨ ਤੋਂ ਜੀ.ਟੀ. ਰੋਡ ਤੱਕ ਜਾਂਦੀ ਢਾਈ ਕਿਲੋਮੀਟਰ ਸੜਕ 'ਤੇ 92.21 ਲੱਖ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦਾ ਜਾਇਜਾ ਲੈਣ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਜਿਥੇ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਵੱਡੇ ਪੱਧਰ 'ਤੇ ਉਪਰਾਲੇ ਕਰ ਰਹੀ ਹੈ ਉਥੇ ਹੀ ਸੂਬੇ ਦੇ ਵਿਕਾਸ ਕਾਰਜਾਂ ਵੀ ਜਾਰੀ ਹਨ।

ਸ. ਨਾਗਰਾ ਨੇ ਦੱਸਿਆ ਕਿ ਇਸ ਸੜਕ ਦੀ ਵਿਸ਼ੇਸ਼ ਮੁਰੰਮਤ ਦੀ ਮੰਗ ਇਲਾਕੇ ਦੇ ਲੋਕਾਂ ਵੱਲੋਂ ਲੰਮੇਂ ਸਮੇਂ ਤੋਂ ਕੀਤੀ ਜਾ ਰਹੀ ਸੀ ਅਤੇ ਇਸ ਸੜਕ ਦੇ ਬਨਣ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਇਸ ਨਾਲ ਟ੍ਰੈਫਿਕ ਵੀ ਸੁਚਾਰੂ ਢੰਗ ਨਾਲ ਚੱਲ ਸਕੇਗੀ। ਉਨ੍ਹਾਂ ਇਹ ਵੀ ਕਿਹਾ ਕਿ ਇਹ ਸੜਕ ਸ਼ਹੀਦੀ ਸਭਾ ਸਬੰਧੀ ਸਭ ਤੋਂ ਅਹਿਮ ਸੜਕਾਂ ਵਿੱਚੋਂ ਇੱਕ ਹੈ ਅਤੇ ਵੱਖ-ਵੱਖ ਥਾਵਾਂ ਤੋਂ ਆਉਣ ਵਾਲੇ ਸ਼ਰਧਾਲੂ ਵੱਖ-ਵੱਖ ਧਾਰਮਿਕ ਸਥਾਨਾਂ 'ਤੇ ਜਾਣ ਲਈ ਇਸ ਸੜਕ ਦੀ ਵਰਤੋਂ ਕਰਦੇ ਹਨ।

ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜਨੀਅਰ ਦਵਿੰਦਰ ਕੁਮਾਰ, ਐਸ.ਡੀ.ਓ. ਮਨਦੀਪ ਸਿੰਘ, ਜੇ.ਈ. ਬਲਜਿੰਦਰ ਸਿੰਘ, ਸ਼੍ਰੀ ਸੁਭਾਸ਼ ਸੂਦ, ਅਸ਼ੋਕ ਸੂਦ, ਪਵਨ ਕਾਲੜਾ, ਨਰਿੰਦਰ ਕੁਮਾਰ ਪ੍ਰਿੰਸ ਤੇ ਅਮਰਦੀਪ ਸਿੰਘ ਬੈਨੀਪਾਲ, ਆਨੰਦ ਮੋਹਨ, ਸਤੀਸ਼ ਤਲਵਾੜ, ਜਸਵਿੰਦਰ ਸ਼ਰਮਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਕੈਪਸ਼ਨ: ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ, ਸੜਕ ਦੀ ਵਿਸ਼ੇਸ਼ ਰਿਪੇਅਰ ਦਾ ਜਾਇਜਾ ਲੈਂਦੇ ਹੋਏ ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਰਾਤ 7.00 ਵਜ਼ੇ ਤੋ ਸਵੇਰੇ 7.00 ਵਜ਼ੇ ਤੱਕ ਕਰਫਿਊ 31 ਮਈ 2020 ਤੱਕ ਲਾਗੂ
ਜ਼ਿਲੇ ਅੰਦਰ ਪੈਂਦੇ ਸਕੂਲ,ਕੋਚਿੰਗ ਸੈਂਟਰ ,ਕਾਲਜ ਅਤੇ ਹੋਰ ਸਾਰੇ ਵਿਦਿਅਕ ਅਦਾਰੇ ਬੰਦ ਰਹਿਣਗੇ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ

ਫਤਹਿਗੜ੍ਹ ਸਾਹਿਬ, 18 ਮਈ
ਜਿਲ੍ਹਾ ਮੈਜਿਸਟਰੇਟ, ਫਤਹਿਗੜ੍ਹ ਸਾਹਿਬ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਫੌਜਦਾਰੀ ਜਾਬਤਾ ਸੰਘਤਾ 1973 (2 ਆਫ 1974) ਦੀ ਧਾਰਾ 144 ਤਹਿਤ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਜ਼ਿਲਾ ਫ਼ਤਹਿਗੜ ਸਾਹਿਬ ਦੀ ਹਦੂਦ ਅੰਦਰ ਰਾਤ 7.00 ਵਜ਼ੇ ਤੋ ਸਵੇਰੇ 7.00 ਵਜ਼ੇ ਤੱਕ ਰਾਤ ਦਾ ਕਰਫਿਊ 31 ਮਈ 2020 ਤੱਕ ਲਾਗੂ ਰਹੇਗਾ।ਜ਼ਿਲੇ ਅੰਦਰ ਕੋਈ ਵੀ ਵਿਅਕਤੀ ਜਰੂਰੀ ਗਤੀਵਿਧੀ ਤੋਂ ਇਲਾਵਾ ਰਾਤ 07.00 ਵਜ਼ੇ ਤੋਂ ਸਵੇਰੇ 7.00 ਵਜ਼ੇ ਤੱਕ ਘਰੋ ਬਾਹਰ ਨਹੀ ਆਵੇਗਾ। ਕੰਨਟੇਨਮੈਂਟ ਜ਼ੋਨ ਵਿੱਚ ਕੇਵਲ ਜਰੂਰੀ ਵਸਤਾਂ ਦੀ ਸਪਲਾਈ (ਕਰਿਆਨਾ ਸਟੋਰ,ਸਬਜੀਆਂ/ਫਲ, ਦੁੱਧ ਅਤੇ ਦਵਾਈਆ ਦੀ ਦੁਕਾਨਾਂ ਹੀ ਖੁਲਣਗੀਆਂ) ਜਿਲ੍ਹੇ ਦੇ ਸਬੰਧਤ ਉਪ ਮੰਡਲ ਮੈਜਿਸਟਰੇਟਸ ਆਪਣੀ ਸਬ ਡਵੀਜ਼ਨ ਵਿੱਚ ਆਪਣੇ ਪੱਧਰ ਤੇ ਯਕੀਨੀ ਬਨਾਉਣਗੇ ਅਤੇ ਇਸ ਸਬੰਧੀ ਨਿਰਧਾਰਤ ਕੀਤੇ ਸਮੇਂ/ਮਾਪਦੰਡਾਂ ਬਾਰੇ ਇਸ ਦਫ਼ਤਰ ਨੂੰ ਸੂਚਿਤ ਕਰਨਗੇ। ਜ਼ਿਲੇ ਅੰਦਰ 65 ਸਾਲ ਤੋਂ ਵੱਧ ਉਮਰ ਦੇ ਵਿਅਕਤੀ, ਵੱਡੀਆਂ ਬਿਮਾਰੀਆਂ ਤੋਂ ਪੀੜਤ, ਗਰਭਵਤੀ ਮਹਿਲਾਵਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ ਕਿਸੇ ਜਰੂਰੀ ਕੰਮ ਤੋਂ ਇਲਾਵਾ ਘਰੋਂ ਬਾਹਰ ਨਹੀ ਆਉਣਗੇ।

ਜ਼ਿਲ੍ਹਾ ਮੈਜਿਸਟਰੇਟ ਨੇ ਇਹ ਵੀ ਹੁਕਮ ਜਾਰੀ ਕੀਤੇ ਹਨ ਕਿ ਜ਼ਿਲੇ ਅੰਦਰ ਪੈਂਦੇ ਸਕੂਲ,ਕਾਲਜ ਅਤੇ ਹੋਰ ਸਾਰੇ ਵਿਦਿਅਕ ਅਦਾਰੇ, ਕੋਚਿੰਗ ਸੈਂਟਰ ਬੰਦ ਰਹਿਣਗੇ। ਆਨ ਲਾਈਨ ਕਲਾਸਾਂ ਲਗਾਈਆਂ ਜਾਣ। ਹੋਟਲ,ਰੈਸਟੋਰੈਂਟ,ਹਾਸਪਿਟੈਲਟੀ ਸਰਵਿਸੀਜ ਬੰਦ ਰਹਿਣਗੀਆਂ, ਪ੍ਰੰਤੂ ਜਿੰਨਾਂ ਨੂੰ ਸਰਕਾਰ ਵਲੋਂ ਕਿਸੇ ਖਾਸ ਮੰਤਵ ਲਈ ਵਰਤਿਆ ਜਾ ਰਿਹਾ ਹੈ, ਉਹ ਖੁੱਲੇ ਰਹਿ ਸਕਣਗੇ। ਸਿਨੇਮਾ ਹਾਲ,ਥੀਏਟਰ, ਮਾਲਜ, ਸ਼ਾਪਿੰਗ ਕੰਪਲੈਕਸ,ਜਿੰਮ, ਸਵੀਮਿੰਗ ਪੂਲਜ, ਮਨੋਰੰਜਨ ਦੇ ਸਥਾਨ, ਬਾਰ, ਆਡੀਟੋਰੀਅਮ ਅਤੇ ਹੋਰ ਇਸ ਤਰਾਂ ਦੇ ਸਥਾਨ ਬੰਦ ਰਹਿਣਗੇ। ਸਮਾਜਿਕ, ਰਾਜਨੀਤਕ,ਖੇਡਾਂ,ਮਨੋਰੰਜਨ, ਵਿਦਿਅਕ, ਸਭਿਆਚਾਰਕ, ਧਾਰਮੀਕ ਆਦਿ ਸਬੰਧੀ ਸਾਰੇ ਸਥਾਨ ਬੰਦ ਰਹਿਣਗੇ ਅਤੇ ਕਿਸੇ ਤਰਾਂ ਦਾ ਕੋਈ ਇੱਕਠ ਨਹੀ ਹੋਵੇਗਾ। ਸਾਰੇ ਧਾਰਮਿਕ ਸਥਾਨ ਬੰਦ ਰਹਿਣਗੇ ਅਤੇ ਕਿਸੇ ਤਰ੍ਹਾਂ ਦਾ ਧਾਰਮਿਕ ਇੱਕਠ ਨਹੀ ਹੋਵੇਗਾ।
ਜ਼ਿਲ੍ਹਾ ਮੈਜਿਸਟਰੇਟ ਨੇ ਬੱਸਾਂ ਅਤੇ ਵਾਹਨਾਂ ਦੀ ਆਵਾਜਾਈ ਬਾਰੇ ਹੁਕਮ ਜਾਰੀ ਕੀਤੇ ਹਨ ਕਿ ਅੰਤਰਰਾਜੀ ਯਾਤਰਾ / ਵਾਹਨਾਂ ਦੀ ਆਵਾਜਾਈ ਦੋਨੋ ਸਬੰਧਤ ਰਾਜਾਂ ਤੋਂ ਰਜਾਮੰਦੀ ਅਤੇ ਗ੍ਰਹਿ ਵਿਭਾਗ, ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਮਿਤੀ 17.05.2020 ਅਨੁਸਾਰ ਹੋਵੇਗੀ।ਟੈਕਸੀ ਅਤੇ ਕੈਬ ਸਰਵਿਸਿਜ਼, ਦੋ ਪਹੀਆਂ ਵਾਹਨ, ਸਾਇਕਲ, ਰਿਕਸ਼ਾ/ਆਟੋ ਰਿਕਸ਼ਾ, ਚਾਰ ਪਹੀਆਂ ਵਾਹਨ, ਸਰਕਾਰ ਵੱਲੋਂ ਜਾਰੀ ਹਦਾਇਤਾਂ/ਸ਼ਰਤਾਂ ਤਹਿਤ ਚੱਲ ਸਕਣਗੇ। ਇਹਨਾਂ ਸਬੰਧੀ ਕਿਸੇ ਤਰ੍ਹਾਂ ਦੀ ਅਲੱਗ ਪਾਸ ਦੀ ਜਰੂਰਤ ਨਹੀ ਹੋਵੇਗੀ।

ਜ਼ਿਲ੍ਹਾ ਮੈਜਿਸਟਰੇਟ ਨੇ ਦਕਾਨਾਂ/ਇੰਡਸਟਰੀਜ਼ ਅਤੇ ਉਸਾਰੀਆਂ ਦੇ ਕੰਮ ਸਬੰਧ ਹੁਕਮ ਜਾਰੀ ਕੀਤੇ ਹਨ ਕਿ ਜਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਸਾਰੀਆਂ ਦੁਕਾਨਾਂ (ਸਣੇ ਮੇਨ ਬਾਜ਼ਾਰ) ਸਵੇਰੇ 07.00 ਵਜੇ ਤੋਂ ਸ਼ਾਮ 06.00 ਵਜੇ ਤੱਕ ਖੁੱਲ੍ਹ ਸਕਣਗੀਆਂ।ਹੇਅਰ ਕਟਿੰਗ/ਹੇਅਰ ਸੈਲੂਨ ਸਰਕਾਰ ਵੱਲੋਂ ਜਾਰੀ ਹਦਾਇਤਾਂ/ਸ਼ਰਤਾਂ ਦੀ ਪਾਲਣਾ ਤਹਿਤ ਖੁੱਲ੍ਹ ਸਕਣਗੇ। ਜਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ ਖੇਤਰ ਅੰਦਰ ਸਾਰੀਆਂ ਉਦਯੋਗਿਕ ਇਕਾਈਆਂ ਖੁੱਲ੍ਹ ਸਕਣਗੀਆਂ।ਜਿਲ੍ਹੇ ਦੇ ਪੇਂਡੂ ਅਤੇ ਸ਼ਹਿਰੀ ਖੇਤਰ ਅੰਦਰ ਕਿਸੇ ਤਰ੍ਹਾਂ ਦੀ ਉਸਾਰੀ ਕਰਨ ਤੇ ਕੋਈ ਪਾਬੰਦੀ ਨਹੀ ਹੋਵੇਗੀ।ਖੇਤੀਬਾੜੀ, ਬਾਗਬਾਨੀ, ਪਸ਼ੂ ਪਾਲਣ, ਵੈਟਰਨਰੀ ਸਰਵਿਸਿਜ਼ ਤੇ ਕੋਈ ਪਾਬੰਦੀ ਨਹੀ ਹੋਵੇਗੀ। ਸਾਰੇ ਸਰਕਾਰੀ ਅਤੇ ਪ੍ਰਾਈਵੇਟ ਅਦਾਰੇ ਖੁੱਲ ਸਕਣਗੇ।ਈ-ਕਾਮਰਸ ਸਾਰਾ ਖੁੱਲ੍ਹਾ ਰਹੇਗਾ। ਰੈਸਟੋਰੈਂਟ ਕੇਵਲ ਹੋਮ ਡਲੀਵਰੀ ਲਈ ਖੁਲ੍ਹੇ ਰਹਿ ਸਕਦੇ ਹਨ।ਉਕਤ ਖੋਲ੍ਹੇ ਜਾਣ ਵਾਲੇ ਅਦਾਰੇ/ਸੰਸਥਾਵਾਂ/ਸਥਾਨ ਵਿਖੇ ਕੋਵਿਡ-19 ਸਬੰਧੀ ਸਮੂਹ ਗਾਈਡਲਾਈਨਜ਼ (ਮਾਸਕ ਪਾਉਣਾਂ/ਸ਼ੋਸ਼ਲ ਡਿਸਟੈਂਸਿੰਗ ਰੱਖਣੀ/ਸੈਨੀਟਾਈਜ਼ਰ ਦੀ ਵਰਤੋਂ) ਦੀ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ।ਮਾਸਕ ਦੀ ਵਰਤੋਂ ਕਰਨੀ ਲਾਜ਼ਮੀ ਹੋਵੇਗੀ।ਜਨਤਕ ਥਾਵਾਂ ਤੇ ਸ਼ਰਾਬ, ਪਾਨ, ਗੁੱਟਕਾ, ਤੰਬਾਕੂ ਦੀ ਵਰਤੋਂ ਕਰਨ ਅਤੇ ਥੁੱਕਣ ਤੇ ਪੂਰਨ ਤੌਰ ਤੇ ਪਾਬੰਦੀ ਹੋਵੇਗੀ।ਵਿਆਹ ਸ਼ਾਦੀ ਦੇ ਮੌਕੇ ਤੇ 50 ਵਿਅਕਤੀਆਂ ਤੋਂ ਵੱਧ ਇੱਕਠ ਨਹੀ ਕੀਤਾ ਜਾ ਸਕੇਗਾ ਅਤੇ ਮੌਕੇ ਤੇ ਸ਼ੋਸ਼ਲ ਡਿਸਟੈਂਸਿੰਗ ਦੀ ਪਾਲਣਾ ਕੀਤੀ ਜਾਵੇਗੀ।ਅੰਤਿਮ ਸੰਸਕਾਰ ਦੇ ਸਮੇਂ 'ਤੇ 20 ਵਿਅਕਤੀਆਂ ਤੋਂ ਵੱਧ ਇੱਕਠ ਨਹੀਂ ਹੋਵੇਗਾ ਅਤੇ ਮੌਕੇ ਤੇ ਸ਼ੋਸ਼ਲ ਡਿਸਟੈਂਸਿੰਗ ਦੀ ਪਾਲਣਾ ਕੀਤੀ ਜਾਵੇਗੀ।ਦੁਕਾਨਦਾਰਾਂ ਵੱਲੋਂ ਗ੍ਰਾਹਕਾਂ ਦੀ ਘੱਟੋ ਘੱਟ 6 ਫੁੱਟ ਦੀ ਦੂਰੀ ਬਣਾਕੇ ਰੱਖੀ ਜਾਵੇਗੀ ਅਤੇ ਇੱਕ ਸਮੇਂ 5 ਤੋਂ ਵੱਧ ਵਿਅਕਤੀ ਦੁਕਾਨ ਤੇ ਇੱਕਠੇ ਨਹੀ ਹੋਣਗੇ।ਸਮੂਹ ਦੁਕਾਨਾਂ/ਅਦਾਰਿਆ, ਸਬੰਧਤ ਸਥਾਨਾਂ ਵਿਖੇ ਥਰਮਲ ਸਕੈਨਿੰਗ/ਹੈਂਡ ਵਾਸ਼(ਸੈਨੀਟਾਈਜ਼ਰ ਆਦਿ) ਦਾਖਲੇ ਵਾਲੀਆਂ ਥਾਵਾਂ ਤੇ ਯਕੀਨੀ ਬਣਾਏ ਜਾਣ। ਹਦਾਇਤਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਸਬੰਧਤ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਖੋਲ੍ਹੇ ਜਾਣ ਵਾਲੇ ਅਦਾਰਿਆ /ਉਦਯੋਗਿਕ ਇਕਾਈਆਂ ਆਦਿ ਲਈ ਨਿਰਧਾਰਿਤ ਸਮੇਂ ਦੌਰਾਨ ਕਿਸੇ ਤਰ੍ਹਾਂ ਦੇ ਵੱਖਰੇ ਪਾਸ/ਪਰਮਿਟ ਦੀ ਜਰੂਰਤ ਨਹੀ ਹੋਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਮੂਲੇਪੁਰ ਪੁਲਿਸ ਵੱਲੋਂ 15 ਪੇਟੀਆਂ ਨਜ਼ਾਇਜ਼ ਸ਼ਰਾਬ ਸਮੇਤ ਇੱਕ ਕਾਬੂ

ਫ਼ਤਹਿਗੜ੍ਹ ਸਾਹਿਬ, 18 ਮਈ :

ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਦੀ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਗਈ ਮੁਹਿੰਮ ਨੂੰ ਉਸ ਸਮੇਂ ਸਫਲਤਾ ਹਾਸਲ ਹੋਈ ਜਦੋਂ ਮੂਲੇਪੁਰ ਥਾਣੇ ਦੀ ਪੁਲਿਸ ਨੇ 15 ਪੇਟੀਆਂ ਨਜਾਇਜ ਸ਼ਰਾਬ ਸਮੇਤ ਇਕ ਕਥਿਤ ਦੋਸ਼ੀ ਨੂੰ ਕਾਬੂ ਕੀਤਾ। ਇਹ ਜਾਣਕਾਰੀ ਦਿੰਦਿਆਂ ਡੀ.ਐਸ.ਪੀ. ਫ਼ਤਹਿਗੜ੍ਹ ਸਾਹਿਬ ਸ. ਰਮਿਦਰ ਸਿੰਘ ਕਾਹਲੋਂ ਨੇ ਦੱਸਿਆ ਕਿ ਇੰਸਪੈਕਟਰ ਜਾਨਪਾਲ ਸਿੰਘ ਮੁੱਖ ਥਾਣਾ ਅਫਸਰ ਮੂਲੇਪੁਰ ਦੀ ਅਗਵਾਈ ਹੇਠ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਨੇ ਸਮੇਤ ਪੁਲਿਸ ਪਾਰਟੀ ਨੇ ਮੁਖਬਰੀ ਦੇ ਆਧਾਰ ’ਤੇ ਕਥਿਤ ਦੋਸ਼ੀ ਕੁਲਵੀਰ ਸਿੰਘ ਵਾਸੀ ਬਾਲਪੁਰ ਰੋਡ ਚਨਾਰਥਲ ਕਲਾਂ ਦੇ ਘਰ ਰੇਡ ਕੀਤੀ ਅਤੇ ਇਸ ਦੌਰਾਨ 15 ਪੇਟੀਆਂ ਨਜਾਇਜ ਸ਼ਰਾਬ ਦੀਆਂ ਬਰਾਮਦ ਹੋਈਆਂ ਜਿਸ ਨੂੰ ਕਬਜੇ ਵਿੱਚ ਲੈ ਕੇ ਕਥਿਤ ਦੋਸ਼ੀ ਕੁਲਵੀਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ।

ਜ਼ਿਲਾ ਲੋਕ ਸੰਪਰਕ ਦਫਤਰ, ਫ਼ਤਹਿਗੜ ਸਾਹਿਬ

ਜ਼ਿਲਾ ਪ੍ਰਬੰਧਕੀ ਕੰਪਲੈਕਸ ਤੋਂ ਪਰਵਾਸੀਆਂ ਨੂੰ ਲੈ ਕੇ ਵਿਸ਼ੇਸ਼ ਬੱਸ ਮੁਜ਼ੱਫਰਨਗਰ (ਯੂ ਪੀ) ਰਵਾਨਾ

ਯਾਤਰੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ ਸਾਹਿਬ, 18 ਮਈ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪ੍ਰਵਾਸੀਆਂ ਨੂੰ ਉਨਾਂ ਦੀ ਇੱਛਾ ਮੁਤਾਬਕ ਉਨਾਂ ਦੇ ਜੱਦੀ ਸੂਬਿਆਂ ਵਿੱਚ ਮੁਫ਼ਤ ਭੇਜਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ ਜ਼ਿਲਾ ਪ੍ਰਬੰਧਕੀ ਕੰਪਲੈਕਸ ਫਤਹਿਗੜ ਸਾਹਿਬ ਤੋਂ ਵਿਸ਼ੇਸ਼ ਬੱਸ 35 ਪ੍ਰਵਾਸੀਆਂ ਨੂੰ ਲੈ ਕੇ ਮੁਜ਼ੱਫਰਨਗਰ (ਯੂ.ਪੀ.) ਲਈ ਰਵਾਨਾ ਹੋਈ ਜਿਸ ਨੂੰ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਹਰੀ ਝੰਡੀ ਦਿਖਾਈ

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਤੈਅ ਪ੍ਰਕਿਰਿਆ ਤਹਿਤ ਰਜਿਸਟਰੇਸ਼ਨ ਉਪਰੰਤ ਮੈਡੀਕਲ ਸਕਰੀਨਿੰਗ ਮੁਕੰਮਲ ਹੋਣ 'ਤੇ ਇਸ ਵਿਸ਼ੇਸ਼ ਬੱਸ ਰਾਹੀਂ ਪ੍ਰਵਾਸੀਆਂ ਨੂੰ ਉਨਾਂ ਦੇ ਸੂਬੇ ਨੂੰ ਭੇਜਿਆ ਗਿਆ ਹੈ ਤੇ ਕਿਸੇ ਵੀ ਯਾਤਰੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ ਕੋਰੋਨਾ ਤੋਂ ਬਚਾਅ ਸਬੰਧੀ ਸਮਾਜਕ ਦੂਰੀ ਸਮੇਤ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਗਈ ਹੈ ਇਸ ਮੌਕੇ ਯਾਤਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨਾਂ ਦੇ ਵਾਪਸੀ ਲਈ ਜੋ ਉਪਰਾਲਾ ਕੀਤਾ ਹੈ, ਉਹ ਉਸ ਲਈ ਪੰਜਾਬ ਸਰਕਾਰ ਦੇ ਧੰਨਵਾਦੀ ਹਨ

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਜਸਪ੍ਰੀਤ ਸਿੰਘ, ਸਹਾਇਕ ਕਮਿਸ਼ਨਰ (ਜਨਰਲ) ਸ੍ਰੀ ਜਸਪ੍ਰੀਤ ਸਿੰਘ , ਐਸ ਡੀ ਐਮ ਬਸੀ ਪਠਾਣਾ ਸ੍ਰੀ ਪਵਿੱਤਰ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ

ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਵਿਸ਼ੇਸ਼ ਬੱਸ ਨੂੰ ਰਵਾਨਾ ਕਰਦੇ ਹੋਏ

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਹੁਣ ਤੱਕ 16 ਮਰੀਜ਼ ਕਰੋਨਾ ਨੂੰ ਮਾਤ ਦੇ ਕੇ ਘਰ ਪਰਤੇ; 40 ਮਰੀਜ਼ ਜ਼ੇਰੇ ਇਲਾਜ

ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਨਾਉਣ ਦੀ ਅਪੀਲ

ਸਿਵਲ ਸਰਜਨ ਡਾ ਐਨ ਕੇ ਅਗਰਵਾਲ ਨੇ ਦਿੱਤੀ ਜਾਣਕਾਰੀ

ਫਤਹਿਗੜ੍ਹ ਸਾਹਿਬ, 18 ਮਈ
ਸਿਵਲ ਸਰਜਨ ਡਾ. ਐਨ ਕੇ ਅਗਰਵਾਲ ਨੇ ਦੱਸਿਆਂ ਕਿ ਜਿਲ੍ਹੇ ਦੇ ਕੁੱਲ 56 ਕਰੋਨਾ ਪੌਜ਼ੀਟਿਵ ਮਰੀਜਾਂ ਵਿਚੋਂ ਹੁਣ 16 ਮਰੀਜ ਕਰੋਨਾ ਨੂੰ ਮਾਤ ਦੇ ਕੇ ਆਪਣੇ ਘਰਾਂ ਵਿੱਚ ਪਰਤ ਆਏ ਹਨ, ਜਦੋਂ ਕਿ 40 ਮਰੀਜ ਹਾਲੇ ਇਲਾਜ਼ ਅਧੀਨ ਹਨ ।ਉਹਨਾਂ ਦੱਸਿਆ ਕਿ ਹੁਣ ਤੱਕ ਕੋਵਿਡ ਜਾਂਚ ਸਬੰਧੀ ਲੈਬ ਵਿਚ ਭੇਜੇ ਗਏ 2,481 ਸੈਂਪਲਾਂ ਵਿਚੋਂ 2,256 ਸੈਂਪਲਾਂ ਦੀ ਰਿਪੋਰਟ ਨੈਗੇਟਿਵ ਪਾਈ ਗਈ ਹੈ। ਉਹਨਾਂ ਕਿਹਾ ਕਿ ਜ਼ਿਲੇ ਲਈ ਇਹ ਇੱਕ ਵੱਡੀ ਰਾਹਤ ਭਰੀ ਖਬਰ ਹੈ ਕਿ ਪਿਛਲੇ ਕੁਝ ਦਿਨਾਂ ਤੋਂ ਜ਼ਿਲ੍ਹੇ ਭਰ ਵਿੱਚੋ ਵੱਖ ਵੱਖ ਥਾਂਵਾ ਤੋਂ ਲਏ ਜਾ ਰਹੇ ਸੈਂਪਲਾ ਦੀਆਂ ਰਿਪੋਰਟਾਂ ਨੇਗਟਿਵ ਆ ਰਹੀਆਂ ਹਨ।
ਡਾ. ਅਗਰਵਾਲ ਨੇ ਕਿਹਾ ਕਿ ਕਰੋਨਾ ਬਿਮਾਰੀ ਤੋਂ ਬਚਾਅ ਲਈ ਕੰਮਕਾਜ ਵਾਲੀਆ ਥਾਂਵਾ 'ਤੇ ਸਮਾਜਿਕ ਦੂਰੀ ਬਣਾਉਣ, ਵਾਰ ਵਾਰ ਹੱਥਾਂ ਨੂੰ ਸਾਬਣ ਅਤੇ ਸਾਫ ਪਾਣੀ ਨਾਲ ਧੋਣ, ਜਨਤਕ ਥਾਵਾਂ 'ਤੇ ਮੂੰਹ 'ਤੇ ਮਾਸਕ ਪਾ ਕੇ ਰੱਖਣ ਵਰਗੀਆਂ ਸਾਵਧਾਨੀਆਂ ਜ਼ਰੂਰ ਵਰਤੀਆਂ ਜਾਣ ਅਤੇ ਸਰਕਾਰ ਵੱਲੋ ਸਮੇਂ ਸਮੇਂ ਤੇਂ ਦਿੱਤੇ ਜਾਂਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।
ਡਾ. ਅਗਰਵਾਲ ਨੇ ਦੱਸਿਆ ਕਿ ਹੁਣ ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਹਰੇਕ ਵਿਅਕਤੀ ਲਈ ਜਨਤਕ ਸਥਾਨ, ਗਲੀਆਂ, ਹਸਪਤਾਲ, ਦਫਤਰ, ਮਾਰਕਿਟ ਜਾਣ ਸਮੇਂ ਜਾਂ ਵਾਹਨ ਵਿੱਚ ਸਫਰ ਕਰਨ ਸਮੇਂ ਸੂਤੀ ਕਪੜੇ ਦਾ ਮਾਸਕ ਜਾਂ ਟ੍ਰਿਪਲ ਲੇਅਰ ਮਾਸਕ ਜਾਂ ਘਰ ਵਿਚ ਸੂਤੀ ਕਪੜੇ ਦਾ ਤਿਆਰ ਕੀਤਾ ਮਾਸਕ ਜਿਸ ਨੂੰ ਸਾਬਣ/ ਡਿਟਰਜੈਂਟ ਨਾਲ ਚੰਗੀ ਤਰਾਂ ਧੋ ਕੇ ਦੁਬਾਰਾ ਵਰਤੋਂ ਵਿਚ ਲਿਆਂਦਾ ਜਾ ਸਕਦਾ ਹੈ,ਪਾਉਣਾ ਜ਼ਰੂਰੀ ਹੋਵੇਗਾ। ਜੇਕਰ ਮਾਸਕ ਉਪਲੱਬਧ ਨਹੀਂ ਹੈ ਤਾਂ ਰੁਮਾਲ, ਦੁੱਪਟਾ,ਪਰਨਾ ਆਦਿ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।
ਉਹਨਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਕੰਮ ਕਾਜ ਵਾਲੀਆਂ ਥਾਂਵਾ ਜਾਂ ਜਨਤਕ ਸਥਾਨ 'ਤੇ ਮਾਸਕ ਨਹੀਂ ਪਹਿਨੇਗਾ, ਜੇਕਰ ਕੋਈ ਵਿਅਕਤੀ ਜਨਤਕ ਥਾਂ 'ਤੇ ਥੁੱਕਦਾ ਹੈ ਜਾਂ ਘਰ ਵਿਚ ਏਕਾਂਤਵਾਸ ਦੀ ਉਲਘੰਣਾ ਕਰਦਾ ਹੈ ਤਾਂ ਉਸ ਨੂੰ ਜੁਰਮਾਨਾ ਹੋ ਸਕਦਾ ਹੈ।
ਕੈਪਸ਼ਨ: ਕੋਰੋਨਾ ਨੂੰ ਮਾਤ ਦੇਣ ਵਾਲੇ ਮਰੀਜ਼ਾਂ ਬਾਰੇ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ।